# 2.

## ਨਿਬੰਧ:

# ਕਵਿਤਾ ਦੇ ਅਸਲੀ ਰੂਪ ਵਿੱਚ ਗੰਧਲਾਪਣ

## -ਸੁਖਿੰਦਰ

ਜੇ ਹੋ ਸਕੇ ਤਾਂ
ਮੈਨੂੰ ਮੁਆਫ਼ ਕਰੀਂ
ਕਿਉਂਕਿ ਮੈਂ ਤੈਨੂੰ ਉਸੇ ਰੂਪ ਵਿਚ
ਉਤਾਰ ਨਹੀਂ ਸਕਿਆ ਕੋਰੇ ਸਫ਼ਿਆਂ 'ਤੇ
ਜਿਸ ਰੂਪ ਵਿਚ ਤੂੰ ਆਈ ਸੀ
ਮੇਰੇ ਦਿਲ ਦੇ ਵਿਹੜੇ ਵਿਚ
ਮੈਂ ਖ਼ੁਦਗਰਜ਼ ਹਾਂ
ਤੇ ਮੇਰੀ ਖ਼ੁਦਗਰਜ਼ੀ ਨੇ ਹੀ ਕੀਤਾ ਹੈ
ਤੇਰੇ ਅਸਲੀ ਰੂਪ ਨੂੰ ਗੰਧਲਾ

ਕੈਨੇਡੀਅਨ ਪੰਜਾਬੀ ਸ਼ਾਇਰ ਬਲਜਿੰਦਰ ਸੰਘਾ ਵੱਲੋਂ 2008 ਵਿੱਚ ਪ੍ਰਕਾਸ਼ਿਤ ਕੀਤੇ ਗਏ ਕਾਵਿ-ਸੰਗ੍ਰਹਿ **'ਕਵਿਤਾ...ਮੈਨੂੰ ਮੁਆਫ਼ ਕਰੀਂ'** ਵਿੱਚ ਸ਼ਾਮਿਲ ਕੀਤੀ ਗਈ ਕਵਿਤਾ 'ਕਵਿਤਾ ਮੈਨੂੰ ਮੁਆਫ਼ ਕਰੀਂ' ਵਿੱਚੋਂ ਇਹ ਸਤਰਾਂ ਲਈਆਂ ਗਈਆਂ ਹਨ.

ਬਲਜਿੰਦਰ ਸੰਘਾ ਦਾ ਇਹ ਪਲੇਠਾ ਕਾਵਿ-ਸੰਗ੍ਰਹਿ ਹੈ. ਇਸ ਕਾਵਿ ਸੰਗ੍ਰਹਿ ਵਿੱਚ ਸ਼ਾਮਿਲ ਕੀਤੀਆਂ ਗਈਆਂ ਸਾਰੀਆਂ ਕਵਿਤਾਵਾਂ ਨੂੰ ਸਮਝਣ ਲਈ ਇਸ ਕਾਵਿ ਸੰਗ੍ਰਹਿ ਦੀ ਇਸ ਅੰਤਲੀ ਕਵਿਤਾ ਨੂੰ ਸਮਝਣਾ ਜ਼ਰੂਰੀ ਹੈ. ਇਹ ਕਵਿਤਾ ਬਲਜਿੰਦਰ ਸੰਘਾ ਦੇ ਕਾਵਿ-ਉਦੇਸ਼, ਕਾਵਿ-ਸਿਰਜਣ ਪ੍ਰਕ੍ਰਿਆ ਅਤੇ ਕਾਵਿ-ਚਿੰਤਨ ਬਾਰੇ ਬਹੁਤ ਹੀ ਸਪੱਸ਼ਟ ਰੂਪ ਵਿੱਚ ਜਾਣਕਾਰੀ ਦਿੰਦੀ ਹੈ. ਇਹ ਕਵਿਤਾ, ਦਰਅਸਲ, ਕਵਿਤਾ ਬਾਰੇ ਉਸਦਾ ਹਲਫ਼ੀਆ ਬਿਆਨ ਹੈ. ਉਹ ਸਪੱਸ਼ਟ ਸ਼ਬਦਾਂ ਵਿੱਚ ਇਹ ਕਹਿ ਦਿੰਦਾ ਹੈ ਕਿ ਉਸਦੀ ਕਵਿਤਾ ਕਿਸੀ ਕਿਸਮ ਦੇ ਆਵੇਸ਼ ਵਿੱਚ ਆ ਕੇ ਉਤਰੀ ਹੋਈ ਕਵਿਤਾ ਦਾ ਹੂ-ਬ-ਹੂ ਉਤਾਰਾ ਨਹੀਂ. ਜਿਸ ਵਿੱਚ ਉਸਦਾ ਕੰਮ ਇਸ ਕਵਿਤਾ ਨੂੰ, ਮਹਿਜ਼, ਕਾਗਜ਼ ਉੱਤੇ ਉਤਾਰਨ ਤੱਕ ਹੀ ਸੀਮਿਤ ਹੋਵੇ. ਬਲਕਿ, ਉਹ ਕਾਵਿ-ਸਿਰਜਣ ਪ੍ਰਕ੍ਰਿਆ ਵਿੱਚ ਆਪਣੀ ਸੋਚ ਸਮਝ ਅਤੇ ਪ੍ਰਤੀਬੱਧਤਾ ਅਨੁਸਾਰ ਦਖਲਅੰਦਾਜ਼ੀ ਕਰਦਾ ਹੈ. ਕਵਿਤਾ ਨੂੰ ਆਪਣੀ ਲੋੜ ਅਨੁਸਾਰ ਸਿਰਜਦਾ ਹੈ. ਕਵਿਤਾ ਜਿਸ ਉੱਤੇ ਉਸਦੀ ਆਪਣੀ ਸੋਚ ਦੀ ਸਪੱਸ਼ਟ ਮੋਹਰ ਲੱਗੀ ਹੋਈ ਹੋਵੇ.

**'ਕਵਿਤਾ...ਮੈਨੂੰ ਮੁਆਫ਼ ਕਰੀਂ'** ਕਾਵਿ-ਸੰਗ੍ਰਹਿ ਦੀ ਕਵਿਤਾ 'ਕੌਣ ਜ਼ਿੰਮੇਵਾਰ' ਨਾਲ ਇਸ ਕਾਵਿ-ਸੰਗ੍ਰਹਿ ਬਾਰੇ ਚਰਚਾ ਸ਼ੁਰੂ ਕੀਤੀ ਜਾ ਸਕਦੀ ਹੈ. ਇਹ ਕਵਿਤਾ ਸਾਡੇ ਸਮਾਜ ਦੀਆਂ ਅਨੇਕਾਂ ਆਪਸ ਵਿੱਚ ਜੁੜੀਆਂ ਹੋਈਆਂ ਸਮੱਸਿਆਵਾਂ ਵੱਲ ਸਾਡਾ ਧਿਆਨ ਖਿਚਦੀ ਹੈ. ਭਾਰਤੀ ਸਮਾਜ ਵਿੱਚ ਧੀ ਦਾ ਜੰਮਣਾ ਅਜੇ ਵੀ ਇੱਕ ਭਾਰ ਸਮਝਿਆ ਜਾਂਦਾ ਹੈ. ਇਸ ਦਾ ਮੁੱਖ ਕਾਰਨ ਧੀਆਂ ਦੇ ਵਿਆਹਾਂ ਉੱਤੇ ਹੋਣ ਵਾਲਾ ਬੇਹਿਸਾਬਾ ਖਰਚਾ ਹੈ. ਇਸ ਖਰਚੇ ਨੂੰ ਇਸ ਹੱਦ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਮਰਦਾਂ ਉੱਪਰ ਹੀ ਆਉਂਦੀ ਹੈ; ਪਰ ਅਫਸੋਸ ਹੈ ਕਿ ਮਰਦਾਂ ਨੇ ਇਸ ਸਮੱਸਿਆ ਲਈ ਆਪਣੇ ਆਪਨੂੰ ਹੀ ਮੁੱਖ ਜ਼ਿੰਮੇਵਾਰ ਹੋਣ ਬਾਰੇ ਕਦੀ ਸੋਚਿਆ ਵੀ ਨਹੀਂ. ਬਲਜਿੰਦਰ ਸੰਘਾ ਨੇ ਇਸ ਤੱਥ ਨੂੰ ਆਪਣੀ ਕਵਿਤਾ 'ਕੌਣ ਜ਼ਿੰਮੇਵਾਰ' ਵਿੱਚ ਬਹੁਤ ਹੀ ਵਧੀਆ ਢੰਗ ਨਾਲ ਉਭਾਰਿਆ ਹੈ:

ਭੈਣ ਨੂੰ ਪ੍ਰਵਾਹ ਨਹੀਂ ਹੁੰਦੀ
ਇਸ ਗੱਲ ਦੀ ਕਿ ਕਿੱਦਾਂ ਤੋਰੀ ਹੋਊ
ਨਵੀਂ ਭਰਜਾਈ ਉਸਦੇ ਮਾਪਿਆਂ ਨੇ
ਸੋਨੇ ਤੇ ਕੀਮਤੀ ਸਮਾਨ ਨਾਲ ਲੱਦਕੇ

ਮਾਂ ਨੂੰ ਪ੍ਰਵਾਹ ਨਹੀਂ ਹੁੰਦੀ
ਇਸ ਗੱਲ ਦੀ ਕਿ ਕਿੱਦਾਂ ਤੋਰੀ ਹੋਊ
ਨਵੀਂ ਨੂੰਹ ਉਸਦੇ ਮਾਪਿਆਂ ਨੇ
ਸੋਨੇ ਤੇ ਕੀਮਤੀ ਸਮਾਨ ਨਾਲ ਲੱਦਕੇ

ਦਾਦੀ ਨੂੰ ਪ੍ਰਵਾਹ ਨਹੀਂ ਹੁੰਦੀ
ਇਸ ਗੱਲ ਦੀ ਕਿ ਕਿੱਦਾਂ ਤੋਰੀ ਹੋਊ
ਨਵੀਂ ਪੋਤ ਨੂੰਹ ਉਸਦੇ ਮਾਪਿਆਂ ਨੇ

ਸੋਨੇ ਤੇ ਕੀਮਤੀ ਸਮਾਨ ਨਾਲ ਲੱਦਕੇ

ਪਰ ਤਿੰਨਾਂ ਨੂੰ ਹੀ ਦਿਸਦਾ ਹੈ
ਆਪਣਾ ਨੱਕ ਕਈ ਗੁਣਾਂ ਵੱਡਾ
ਸਮਾਨ ਨਾਲ ਭਰੀ ਘਰ ਦੀ ਹਰ ਨੁੱਕਰ ਦੇਖਕੇ

ਤੇ ਇਸ ਸਮੱਸਿਆ ਦਾ ਕੱਦ
ਦਿਨੋਂ ਦਿਨ ਵਧ ਰਿਹਾ ਹੈ
ਪਰ ਮਰਦ ਇਸ ਵਿਚ ਕਿਤੇ ਵੀ
ਦਿਖਾਈ ਨਹੀਂ ਦਿੰਦਾ

ਇਹ ਸਮੱਸਿਆ ਜਿਸ ਹੱਦ ਤੱਕ ਪ੍ਰਚੰਡ ਰੂਪ ਅਖਤਿਆਰ ਕਰਦੀ ਜਾ ਰਹੀ ਹੈ ਉਸ ਨੂੰ ਦੇਖਦਿਆਂ ਇਹ ਗੱਲ ਕਹਿਣ ਵਿੱਚ ਮੈਨੂੰ ਕੋਈ ਸੰਕੋਚ ਨਹੀਂ ਕਿ ਨ ਸਿਰਫ ਮਰਦ ਪ੍ਰਧਾਨ ਸਮਾਜ ਨੂੰ ਇਸ ਸਮੱਸਿਆ ਨੂੰ ਇਸ ਹੱਦ ਤੱਕ ਪ੍ਰਚੰਡ ਰੂਪ ਅਖਤਿਆਰ ਕਰਨ ਵਿੱਚ ਨਿਭਾਹੀ ਗਈ ਆਪਣੀ ਭੂਮਿਕਾ ਦੀ ਜ਼ਿੰਮੇਵਾਰੀ ਵੀ ਸਵੀਕਾਰਨੀ ਪਵੇਗੀ; ਬਲਕਿ ਉਸਨੂੰ ਇਸ ਸਮੱਸਿਆ ਨੂੰ ਹੱਲ ਕਰਨ ਵਿੱਚ ਵੀ ਮੁੱਖ ਭੂਮਿਕਾ ਨਿਭਾਉਣੀ ਪਵੇਗੀ. ਤਾਂ ਜੁ ਸਾਡੇ ਸਮਾਜ ਵਿੱਚ ਔਰਤ ਅਤੇ ਮਰਦ ਨੂੰ ਜ਼ਿੰਦਗੀ ਨਾਲ ਸਬੰਧਤ ਹਰ ਖੇਤਰ ਵਿੱਚ ਹੀ ਸਮਾਨਤਾ ਮਿਲ ਸਕੇ.

ਇਸ ਕਾਵਿ-ਸੰਗ੍ਰਹਿ ਵਿਚ ਸ਼ਾਮਿਲ ਕੀਤੀ ਗਈ ਇੱਕ ਹੋਰ ਕਵਿਤਾ 'ਔਰਤ ਦੀ ਪੁਕਾਰ' ਇਸੇ ਸਮੱਸਿਆ ਦੇ ਇੱਕ ਹੋਰ ਪੱਖ ਨੂੰ ਬੜੀ ਸ਼ਿੱਦਤ ਨਾਲ ਉਭਾਰਦੀ ਹੈ. ਪਿਛਲੇ ਕੁਝ ਸਮੇਂ ਵਿੱਚ ਇੱਕ ਰਿਵਾਜ ਵਾਂਗ ਪੰਜਾਬੀ ਦੇ ਕੁਝ ਕਵੀਆਂ ਵੱਲੋਂ ਇੱਕ ਦੂਜੇ ਦੀ ਰੀਸ ਕਰਦਿਆਂ ਅਜਿਹੀਆਂ ਕਵਿਤਾਵਾਂ ਲਿਖੀਆਂ ਗਈਆਂ ਹਨ ਜਿਸ ਵਿੱਚ ਧੀ ਵੱਲੋਂ ਮਿੰਨਤਾਂ ਤਰਲੇ ਕਰਵਾਏ ਗਏ ਹਨ ਕਿ ਉਸਨੂੰ ਜਨਮ ਲੈਣ ਦਿੱਤਾ ਜਾਵੇ ਅਤੇ ਮਾਂ ਦੇ ਪੇਟ ਵਿੱਚ ਹੀ ਕਤਲ ਨ ਕਰਵਾਇਆ ਜਾਵੇ. ਬਲਜਿੰਦਰ ਸੰਘਾ ਇਹ ਗੱਲ ਉਭਾਰਦਾ ਹੈ ਕਿ ਇਸ ਦੁਨੀਆਂ ਵਿੱਚ ਜਨਮ ਲੈਣ ਦਾ ਧੀ ਨੂੰ ਵੀ ਉਨਾਂ ਹੀ ਅਧਿਕਾਰ ਹੈ ਜਿੰਨਾ ਕਿ ਪੁੱਤਰ ਨੂੰ. ਧੀ ਜਨਮ ਲੈਣ ਲਈ ਕਿਸੀ ਕੋਲੋਂ ਆਪਣੇ ਹੱਕ ਦੀ ਭੀਖ ਕਿਉਂ ਮੰਗੇ? ਇਹ ਉਸਦਾ ਮੌਲਿਕ ਅਧਿਕਾਰ ਹੈ:

1.
ਇਸ ਲਈ ਸਫ਼ੇ ਕਾਲੇ ਕਰ-ਕਰ
ਜਾਂ ਗੀਤ ਗਾ-ਗਾ ਕੇ ਇਕ ਅਣਜੰਮੀ ਧੀ ਤੋਂ
ਇਹ ਅਖਵਾਉਣਾ
ਕਿ
ਮਾਂ ਮੈਨੂੰ ਕਤਲ ਨਾ ਕਰਵਾ
ਕਿ
ਮਾਂ ਮੈਨੂੰ ਜੱਗ ਦੇਖਣ ਦਾ ਚਾਅ
ਕਿ
ਮਾਂ ਮੈਂ ਵੀਰੇ ਨੂੰ ਲੋਰੀ ਦੇਵਾਂਗੀ
ਕਿ
ਮਾਂ ਮੈਂ ਤੁਹਾਡੀ ਸੇਵਾ ਕਰਾਂਗੀ
ਇੱਕ ਅਣਜੰਮੀ ਧੀ ਨੂੰ ਭੀਖ਼ ਵਿੱਚ
ਜ਼ਿੰਦਗੀ ਦਿਵਾਉਣ ਦੇ ਤੁੱਲ ਹੈ
ਤੇ ਭੀਖ਼ ਦੀ ਜ਼ਿੰਦਗੀ ਨਾਲ ਜਵਾਨ ਹੋਈ ਇਕ ਧੀ
ਇਕ ਨਰੋਆ ਸਮਾਜ ਪੈਦਾ ਕਿਵੇਂ ਕਰੂ
ਮੈਨੂੰ ਇਸ ਤਰ੍ਹਾਂ ਦੇ ਖੋਖਲੇ ਵਿਚਾਰਾਂ
ਜਾਂ ਗੀਤਾਂ ਦੀ ਲੋੜ ਨਹੀਂ
ਤੇ ਮੇਰੀ ਧੀ ਦਾ ਵੀ ਭੀਖ਼ ਦੀ ਜ਼ਿੰਦਗੀ ਨਾਲੋਂ
ਨਾ ਜੰਮਣਾ ਕਈ ਗੁਣਾ ਚੰਗਾ ਹੈ
ਲੋੜ ਹੈ ਸਾਡੇ ਸਮਾਜ ਨੂੰ
ਦਾਦੀਆਂ-ਪੜਦਾਦੀਆਂ ਦੀ
ਇਸ ਗ੍ਰਹਿਣੀ ਸੋਚ 'ਚੋਂ ਬਾਹਰ ਕੱਢਣ ਦੀ ਕਿ
'ਕੁੱਲ ਦੇ ਚਿਰਾਗ਼ ਸਿਰਫ ਪੁੱਤ ਹੀ ਨੇ'
ਨਾ ਕਿ ਲੋੜ ਹੈ ਅਣਜੰਮੀ ਧੀ ਤੋਂ
ਭੀਖ਼ ਮੰਗਵਾਉਣ ਦੀ
ਤੇ ਉਹ ਵੀ ਜਨਮ ਲੈਣ ਵਾਸਤੇ

ਇਸੇ ਹੀ ਸਮੱਸਿਆ ਦੇ ਇੱਕ ਹੋਰ ਪੱਖ ਨੂੰ ਬਲਜਿੰਦਰ ਸੰਘਾ ਆਪਣੀ ਕਵਿਤਾ 'ਜਾਗਣ ਦੀ ਲੋੜ' ਵਿੱਚ ਉਭਾਰਦਾ ਹੈ. ਇਹ ਸਮੱਸਿਆ ਹੈ ਹੋਰਨਾਂ ਦੀ ਰੀਸੋ ਰੀਸ ਵਿਆਹਾਂ ਉੱਤੇ ਬੇਹਿਸਾਬਾ ਖਰਚਾ ਕਰਨਾ ਅਤੇ ਫਿਰ ਇਸ ਖਰਚੇ ਦੇ ਬੋਝ ਥੱਲੋਂ ਸਾਰੀ ਉਮਰ ਨਿਕਲ ਨ ਸਕਣਾ:

ਪਿੰਡਾਂ ਵਿਚ ਵੱਡੀਆਂ ਧਰਮਸ਼ਾਲਾਵਾਂ ਅੱਜ ਵੀ ਨੇ
ਪਰ ਰੀਸੋ-ਰੀਸੀ ਤੇਰੀਆਂ ਬਰਾਤਾਂ ਵੀ
ਮੈਰਿਜ ਪੈਲਿਸਾਂ ਵੱਲ ਹੀ ਜਾਂਦੀਆਂ ਨੇ
ਤੇ ਜਿਨ੍ਹਾਂ ਦੇ ਖ਼ਰਚੇ ਥੱਲੇ ਦੱਬਿਆ ਤੂੰ

ਕਈ ਵਾਰ ਸਾਰੀ ਜ਼ਿੰਦਗੀ ਨਹੀਂ ਉੱਠਦਾ
ਲੋੜ ਹੈ ਤੇਰੇ ਜਾਗਣ ਦੀ
ਕਿਉਂਕਿ ਇਹ ਵੇਲਾ ਨਹੀਂ
'ਜੱਟਾਂ ਨੇ ਪੀਣੀ ਦਾਰੂ'
ਜਿਹੇ ਗੀਤਾਂ ਤੇ ਨਸ਼ੇ ਵਿੱਚ ਧੁੱਤ ਹੋ ਕੇ
ਲਲਕਾਰੇ ਮਾਰਨ,
ਬੱਕਰੇ ਬੁਲਾਉਣ
ਤੇ ਸੌਂ ਜਾਣ ਦਾ...

ਇੱਕ ਚੇਤੰਨ ਲੇਖਕ ਹੋਣ ਦੇ ਨਾਤੇ ਬਲਜਿੰਦਰ ਸੰਘਾ ਔਰਤ ਦੀਆਂ ਸਮੱਸਿਆਵਾਂ ਦਾ ਜ਼ਿਕਰ ਕਰਦਾ ਹੋਇਆ ਇਸ ਗੱਲ ਵੱਲ ਵੀ ਧਿਆਨ ਦੁਆਉਂਦਾ ਹੈ ਕਿ ਸਾਡੇ ਲੇਖਕ ਔਰਤ ਦੀ ਗੱਲ ਕਰਨ ਲੱਗੇ ਆਪਣਾ ਧਿਆਨ ਮਹਿਜ਼ ਰੋਮਾਂਸਵਾਦੀ ਪੇਸ਼ਕਾਰੀ ਕਰਨ ਤੱਕ ਹੀ ਸੀਮਿਤ ਰੱਖਦੇ ਹਨ. ਵਿਸ਼ੇਸ਼ ਕਰਕੇ ਪ੍ਰਵਾਸੀ ਮੁਲਕਾਂ ਵਿੱਚ ਆ ਕੇ ਪੰਜਾਬੀ ਔਰਤਾਂ ਨੂੰ ਮਰਦ ਨਾਲੋਂ ਵੀ ਵੱਧ ਹੱਡ ਭੰਨਵੀਂ ਮਿਹਨਤ ਕਰਨੀ ਪੈਂਦੀ ਹੈ. ਉਸਦਾ ਜ਼ਿਕਰ ਸਾਡੇ ਕਵੀਆਂ ਦੀਆਂ ਲਿਖਤਾਂ ਵਿੱਚ ਨਹੀਂ ਆਉਂਦਾ. ਇਸ ਪੱਖੋਂ ਬਲਜਿੰਦਰ ਸੰਘਾ ਦੀ ਕਵਿਤਾ 'ਪੰਜਾਬਣ' ਸਾਡਾ ਵਿਸ਼ੇਸ਼ ਧਿਆਨ ਖਿੱਚਦੀ ਹੈ:

1.
ਤੂੰ ਉਹ ਨਹੀਂ
ਜਿਸਦੇ ਬਾਰੇ
ਇਕ ਗੀਤ ਕਹਿੰਦਾ ਹੈ ਕਿ
'ਲੱਕ ਹਿੱਲੇ ਮਜਾਜਣ ਜਾਂਦੀ ਦਾ'
ਕਿਉਂਕਿ ਦੋ-ਦੋ ਸ਼ਿਫਟਾਂ ਦਾ ਝੰਬਿਆ
ਤੇਰਾ ਲੱਕ ਹਿੱਲ ਨਹੀਂ ਸਕਦਾ
ਤੇ ਫੈਮਿਲੀ ਡਾਕਟਰ ਦੀ ਵੀ
ਤੈਨੂੰ ਸਖ਼ਤ ਹਿਦਾਇਤ ਹੈ ਕਿ
ਇਸ ਨੂੰ ਹਿਲਾਉਣਾ ਨਹੀਂ

2.
ਤੂੰ ਉਹ ਨਹੀਂ
ਜਿਸਦੇ ਬਾਰੇ
ਇਕ ਗੀਤ ਕਹਿੰਦਾ ਹੈ ਕਿ
'ਤੇਰੇ ਟੂਣੇਹਾਰੇ ਨੈਣ ਕੁੜੇ'
ਕਿਉਂਕਿ ਉਨੀਂਦਰੇ ਦੇ ਭੰਨੇ ਹੋਏ
ਤੇਰੇ ਨੈਣ ਮਟਕ ਨਹੀਂ ਸਕਦੇ
ਤੇ ਸੁੱਜੀਆਂ ਹੋਈਆਂ ਪਲਕਾਂ ਦੀ ਵੀ
ਤੈਨੂੰ ਸਖਤ ਹਦਾਇਤ ਹੈ ਕਿ
ਇਹਨਾਂ ਨੂੰ ਮਟਕਾਉਣਾ ਨਹੀਂ
ਬਲਕਿ ਸਵਾਉਣਾ ਹੈ

ਪੰਜਾਬੀ/ਭਾਰਤੀ ਮੂਲ ਦੇ ਲੋਕ ਜਿੱਥੇ ਵੀ ਜਾਂਦੇ ਹਨ, ਇੱਕ ਸਮੱਸਿਆ ਉਨ੍ਹਾਂ ਦੇ ਨਾਲ ਹੀ ਜਾਂਦੀ ਹੈ. ਉਹ ਸਮੱਸਿਆ ਹੈ ਧਰਮ ਅਤੇ ਜ਼ਾਤ-ਪਾਤ ਦੇ ਨਾਮ ਉੱਤੇ ਇੱਕ ਦੂਜੇ ਵਿਰੁੱਧ ਨਫ਼ਰਤ ਫੈਲਾਉਣੀ ਅਤੇ ਦੰਗੇ ਫਸਾਦ ਕਰਨੇ. 'ਅੱਗੇ-ਪਿੱਛੇ' ਕਵਿਤਾ ਵਿੱਚ ਬਲਜਿੰਦਰ ਸੰਘਾ ਇਸ ਸਮੱਸਿਆ ਬਾਰੇ ਕੁਝ ਇਸ ਤਰ੍ਹਾਂ ਲਿਖਦਾ ਹੈ:

ਅਸੀਂ ਅੱਗੇ ਹਾਂ, ਅਸੀਂ ਅੱਗੇ ਹਾਂ
ਅਸੀਂ ਧਰਮ ਯੁੱਧਾਂ ਵਿਚ ਅੱਗੇ ਹਾਂ...
ਅਸੀਂ ਪਿੱਛੇ ਹਾਂ, ਅਸੀਂ ਪਿੱਛੇ ਹਾਂ
ਇਨਸਾਨੀਅਤ ਦੀ ਕਦਰ ਵਿੱਚ ਪਿੱਛੇ ਹਾਂ...
ਅਸੀਂ ਆਪ ਬੁਰਾਈਆਂ ਕਰਦੇ ਹਾਂ,
ਅਸੀਂ ਦੋਸ਼ ਹੋਰਾਂ ਸਿਰ ਧਰਦੇ ਹਾਂ,
ਅਸੀਂ ਖ਼ੁਦ ਨੂੰ ਸਮਝਦੇ ਬੰਦੇ ਹਾਂ,
ਅਸੀਂ ਪਸ਼ੂਆਂ ਨਾਲੋਂ ਗੰਦੇ ਹਾਂ,
ਘਰ ਇਕ ਦੂਜੇ ਦੇ ਸਮਝ-ਸਮਝ ਕੇ,
ਢਾਹੁਣ ਮੰਦਰ ਮਸਜਿਦਾਂ ਲੱਗੇ ਹਾਂ,
ਅਸੀਂ ਢੱਗੇ ਹਾਂ, ਅਸੀਂ ਅੱਗੇ ਹਾਂ,
ਅਸੀਂ ਧਰਮ ਯੁੱਧਾਂ ਵਿੱਚ ਅੱਗੇ ਹਾਂ...

ਧਰਮ ਨਾਲ ਸਬੰਧਤ ਸਮੱਸਿਆਵਾਂ ਵੀ ਇਸ ਕਰਕੇ ਆ ਰਹੀਆਂ ਹਨ ਕਿ ਅਸੀਂ ਧਰਮ ਨੂੰ ਵੀ ਸਹੀ ਅਰਥਾਂ ਵਿੱਚ ਸਮਝਣ ਦਾ ਯਤਨ ਨਹੀਂ ਕਰਦੇ. ਧਰਮ ਵੀ ਇੱਕ ਪਾਖੰਡ ਬਣ ਕੇ ਰਹਿ ਗਿਆ ਹੈ. ਥਾਂ ਥਾਂ ਪਾਖੰਡੀ ਸੰਤ-ਬਾਬਿਆਂ ਦੀਆਂ ਡੇਰਾ-ਰੂਪੀ ਦੁਕਾਨਾਂ ਖੁੱਲ੍ਹ ਰਹੀਆਂ ਹਨ. ਅਜਿਹੇ ਪਾਖੰਡੀ ਸੰਤ-ਬਾਬਿਆਂ ਦੇ ਰੂਪ ਵਿੱਚ ਕਾਤਲ, ਬਲਾਤਕਾਰੀ, ਡਰੱਗ ਸਮੱਗਲਰ, ਗੁੰਡੇ, ਰੰਡੀਆਂ ਦਾ ਧੰਦਾ ਕਰਨ ਵਾਲੇ ਦੱਲੇ ਆਮ ਜਨਤਾ ਦੀ ਮਾਨਸਿਕ, ਸਰੀਰਕ ਅਤੇ ਆਰਥਿਕ ਲੁੱਟ ਮਚਾ ਰਹੇ ਹਨ. ਪੇਸ਼ ਹਨ 'ਸ਼ਾਇਦ ਇਹ ਸੱਚ ਹੋਵੇ' ਅਤੇ 'ਸੱਚੇ ਸ਼ਰਧਾਲੂ' ਨਾਮ ਦੀਆਂ ਕਵਿਤਾਵਾਂ ਵਿੱਚੋਂ ਕੁਝ ਉਦਾਹਰਣਾਂ:

1.
ਬੱਚੇ ਵਿਲਕਣ ਭੁੱਖੇ ਪੂੜੇ ਸਾਧਾਂ ਨੂੰ
ਅੰਨ੍ਹੀ ਸ਼ਰਧਾ ਦੇ ਵਿਚ ਵਹਿਕੇ ਸਾਰ ਲਿਆ
ਅੰਧ ਵਿਸ਼ਵਾਸੀ ਬਣੇ ਹਾਂ ਛੱਡ ਕੇ ਤਰਕਾਂ ਨੂੰ
ਵਹਿਮਾਂ-ਭਰਮਾਂ ਪੈ ਕੇ ਕੀ ਸੰਵਾਰ ਲਿਆ
ਅਗਲਾ ਜਨਮ ਬਣਾਉਣਾ ਆਪਾ ਸਫਲ ਹੈ
ਅਸੀਂ ਉਹਦੇ ਪਿੱਛੇ ਲੱਗਕੇ ਇਹ ਉਜਾੜ ਲਿਆ
ਹੁਣ ਇੰਟਰਨੈਟ 'ਤੇ ਕਰੇ ਕਰਾਏ ਪਾਠ ਮਿਲਣ
ਕੀ ਲੈਣਾ ਬਾਣੀ ਪੜ੍ਹਕੇ, ਕੀਤੇ ਲੈ ਕੇ ਸਾਰ ਲਿਆ
2.
ਘਰੇਲੂ ਕਲੇਸ਼ ਦਾ ਅੰਤ
ਸਿਰਫ ਚੌਵੀ ਘੰਟਿਆਂ ਵਿੱਚ
ਸ਼ਰਤੀਆ ਮੁੰਡਾ ਹੀ ਹੋਵੇਗਾ ਆਦਿ...
ਬਾਬਾ ਜੀ ਦਾ ਇਹ ਇਸ਼ਤਿਹਾਰ
ਸਾਰੇ ਮਸ਼ਹੂਰ ਅਖ਼ਬਾਰਾਂ ਵਿਚ ਛਪਦਾ
ਆਪ ਉਹ ਪੰਜ ਲੜਕੀਆਂ ਦਾ ਬਾਪ ਹੈ
ਘਰ ਵਾਲੀ ਲੜਕੇ ਪੇਕੇ ਚਲੀ ਗਈ
ਪਰ ਫੇਰ ਵੀ ਉਸਦੇ ਡੇਰੇ ਤੇ
ਲੋਕਾਂ ਦੀ ਭੀੜ ਦਿਨੋਂ-ਦਿਨ ਵੱਧ ਰਹੀ ਹੈ...

ਅਜਿਹੀ ਹਾਲਤ ਵਿੱਚ ਚਿੰਤਾਜਨਕ ਗੱਲ ਇਹ ਹੈ ਕਿ ਦੇਸ-ਬਦੇਸ਼ ਦਾ ਪੰਜਾਬੀ ਪ੍ਰਿੰਟ / ਰੇਡੀਓ / ਟੀਵੀ ਮੀਡੀਆ ਇਸ ਗੱਲ ਨੂੰ ਘਟਾਉਣ ਦੀ ਥਾਂ ਅਜਿਹੇ ਪਾਖੰਡੀ ਸੰਤ-ਠੱਗ-ਬਾਬਿਆਂ ਦੀ ਇਸ਼ਤਿਹਾਰਬਾਜ਼ੀ ਕਰਕੇ ਆਪਣੇ ਬੈਂਕ ਬੈਲੈਂਸ ਵਧਾਉਣ ਵਿੱਚ ਲੱਗਾ ਹੋਇਆ ਹੈ ਅਤੇ ਇਨ੍ਹਾਂ ਹੀ ਸੰਤ-ਠੱਗ-ਬਾਬਿਆਂ ਦੀ ਕਿਰਪਾ ਨਾਲ ਲੱਗੀ ਡਾਲਰਾਂ ਦੀ ਬਰਸਾਤ ਸਦਕਾ ਮਹਿਲਾਂ ਵਰਗੀਆਂ ਕੋਠੀਆਂ ਵਿੱਚ ਰਹਿ ਰਿਹਾ ਹੈ. ਸਾਡੇ ਮੀਡੀਆ ਦੇ ਕੁਝ ਹਿੱਸੇ ਵੱਲੋਂ ਦਿਖਾਈ ਜਾ ਰਹੀ ਗ਼ੈਰ-ਜ਼ਿੰਮੇਵਾਰੀ ਵਾਂਗੂੰ ਸਾਡੇ ਗੀਤਕਾਰਾਂ/ਗਾਇਕਾਂ ਦਾ ਕੁਝ ਹਿੱਸਾ ਵੀ ਬੜੀ ਗ਼ੈਰ-ਜ਼ਿੰਮੇਵਾਰੀ ਦਿਖਾ ਰਿਹਾ ਹੈ. ਕੈਨੇਡਾ/ਇੰਗਲੈਂਡ/ ਅਮਰੀਕਾ/ਇੰਡੀਆ/ਪਾਕਿਸਤਾਨ-ਹਰ ਜਗ੍ਹਾ ਹੀ ਪੰਜਾਬੀ ਨੌਜਵਾਨ ਨਸ਼ਿਆਂ ਵਿੱਚ ਪੈ ਕੇ ਆਪਣੀ ਜ਼ਿੰਦਗੀ ਬਰਬਾਦ ਕਰ ਦਿੰਦੇ ਹਨ; ਪਰ ਸਾਡੇ ਗਾਇਕ ਪੰਜਾਬੀ ਟੀਵੀ ਚੈਨਲਾਂ ਰਾਹੀਂ ਦਿਖਾਏ ਜਾ ਰਹੇ ਗੀਤਾਂ ਵਿੱਚ ਪੰਜਾਬੀ ਨੌਜਵਾਨਾਂ ਨੂੰ ਬੱਕਰੇ ਬੁਲਾਉਂਦੇ ਹੋਏ ਅਤੇ ਲਲਕਾਰੇ ਮਾਰਦੇ ਦਿਖਾ ਰਹੇ ਹਨ. ਇਸ ਤਰ੍ਹਾਂ ਸਾਡੀ ਗਾਇਕੀ ਅਤੇ ਸਭਿਆਚਾਰਕ ਟੀਵੀ ਪ੍ਰੋਗਰਾਮਾਂ ਦੀ ਪੇਸ਼ਕਾਰੀ ਹਕੀਕਤਾਂ ਦੀ ਗਲਤ ਪੇਸ਼ਕਾਰੀ ਕਰ ਰਹੀ ਹੈ. ਇਹੀ ਗੱਲ ਬਲਜਿੰਦਰ ਸੰਘਾ ਵੀ ਆਪਣੀ ਰਚਨਾ 'ਕੌੜਾ ਸੱਚ' ਵਿੱਚ ਕਹਿਣ ਦੀ ਕੋਸ਼ਿਸ਼ ਕਰ ਰਿਹਾ ਹੈ:

ਪੱਟ ਦਿੱਤੇ ਨੇ ਨਸ਼ਿਆਂ ਨੇ
ਗੱਭਰੂ ਮੇਰੇ ਪੰਜਾਬ ਦੇ
ਮਾਰ-ਮੁਕਾਏ ਹਨ
ਬੇ-ਰੋਜ਼ਗਾਰੀ ਨੇ
ਗੱਭਰੂ ਮੇਰੇ ਪੰਜਾਬ ਦੇ
ਆਪਣਾ ਹਨ੍ਹੇਰਾ ਭਵਿੱਖ ਦੇਖਕੇ
ਆਵਾਜ਼ ਨਹੀਂ ਨਿੰਕਲਦੀ
ਉਹਨਾਂ ਦੇ ਮੂੰਹੋਂ
ਪਰ ਅੱਜ ਵੀ ਦਿਖਾਏ ਜਾਂਦੇ ਨੇ
ਬੇ-ਅਰਥੇ ਗੀਤਾਂ ਤੇ
ਲਲਕਾਰੇ ਮਾਰਦੇ
ਖੜ-ਮਸਤੀਆਂ ਕਰਦੇ
ਤੇ ਬੱਕਰੇ ਬੁਲਾਉਂਦੇ
ਟੀਵੀ ਚੈਨਲਾਂ ਵੱਲੋਂ
ਗੱਭਰੂ ਮੇਰੇ ਪੰਜਾਬ ਦੇ

ਸਾਡਾ ਮੀਡੀਆ ਇੱਕ ਹੋਰ ਪੱਖ ਤੋਂ ਵੀ ਗ਼ੈਰ-ਜ਼ਿਮੇਵਾਰੀ ਵਾਲਾ ਵਤੀਰਾ ਦਿਖਾਂਦਾ ਹੈ. ਪਹਿਲਾਂ ਤਾਂ ਧਰਮ ਦੇ ਨਾਮ ਉੱਤੇ ਲੋਕਾਂ ਦੀਆਂ ਭਾਵਨਾਵਾਂ ਭੜਕਾ ਕੇ ਦੰਗੇ-ਫਸਾਦ ਕਰਵਾਏ ਜਾਂਦੇ ਹਨ. ਫਿਰ ਦੂਜੀ ਵਾਰ ਗ਼ੈਰ-ਜ਼ਿੰਮੇਵਾਰੀ ਦਿਖਾਈ ਜਾਂਦੀ ਹੈ ਜਦੋਂ ਇਨ੍ਹਾਂ ਦੰਗੇ-ਫਸਾਦਾਂ ਦੀਆਂ ਖਬਰਾਂ ਦਾ ਵਿਸਥਾਰ ਦੇਣ ਵੇਲੇ ਟੀਵੀ ਚੈਨਲਾਂ ਉੱਤੇ ਇਸ ਗੱਲ ਦਾ ਸ਼ੋਰ ਪਾਇਆ ਜਾਂਦਾ ਹੈ ਕਿ ਇਨ੍ਹਾਂ ਦੰਗਿਆਂ ਵਿੱਚ ਇੰਨੇ ਹਿੰਦੂ, ਇੰਨੇ ਸਿੱਖ, ਇੰਨੇ ਮੁਸਲਮਾਨ, ਇੰਨੇ ਈਸਾਈ, ਇੰਨੇ ਜੈਨੀ, ਇੰਨੇ ਬੋਧੀ ਮਾਰੇ ਗਏ. ਜਿਸ ਕਾਰਨ ਦੰਗੇ ਹੋਰ ਵੀ ਭੜਕਦੇ ਹਨ. ਜੇਕਰ ਇਨ੍ਹਾਂ ਦੰਗੇ-ਫਸਾਦਾਂ ਦੀਆਂ ਖਬਰਾਂ ਪ੍ਰਸਾਰਿਤ ਕਰਨ ਵੇਲੇ ਸਾਡਾ ਮੀਡੀਆ ਮਰਨ ਵਾਲਿਆਂ ਨੂੰ ਸਿਰਫ ਇਨਸਾਨ ਹੀ ਸਮਝੇਗਾ ਤਾਂ ਟੀਵੀ ਪ੍ਰੋਗਰਾਮ ਦੇਖਣ ਵਾਲਿਆਂ ਦੇ ਦਿਮਾਗ਼ਾਂ ਵਿੱਚ ਇਹ ਵਿਚਾਰ ਆਵੇਗਾ ਕਿ ਇਨ੍ਹਾਂ ਦੰਗਿਆਂ ਨੇ ਇੰਨੇ ਇਨਸਾਨਾਂ ਦੀ ਜਾਨ ਲੈ ਲਈ. ਮਰਨ ਵਾਲੇ ਚਾਹੇ ਕਿਸੇ ਵੀ ਧਾਰਮਿਕ ਵਿਸ਼ਵਾਸ਼ ਵਾਲੇ ਸਨ - ਪਰ ਉਹ ਸਭ ਇਨਸਾਨ ਸਨ. ਉਨ੍ਹਾਂ ਸਾਰਿਆਂ ਦੀਆਂ ਰਗਾਂ ਵਿੱਚ ਇੱਕੋ ਜਿਹਾ ਖ਼ੂਨ ਵਹਿੰਦਾ ਸੀ. ਉਹ ਸਾਰੇ ਇੱਕੋ ਹਵਾ ਵਿੱਚ ਹੀ ਸਾਹ ਲੈਂਦੇ ਸਨ. ਉਹ ਸਭ ਹੱਡ-ਮਾਸ ਦੇ ਬਣੇ ਹੋਏ ਪੁਤਲੇ ਸਨ. ਆਪਣੀ ਕਵਿਤਾ 'ਮੀਡੀਆ' ਵਿੱਚ ਬਲਜਿੰਦਰ ਸੰਘਾ ਇਸ ਨੁਕਤੇ ਨੂੰ ਬੜੀ ਸ਼ਿੱਦਤ ਨਾਲ ਉਭਾਰਦਾ ਹੈ:

ਦੰਗੇ ਹੁੰਦੇ ਰਹਿੰਦੇ ਨੇ
ਖ਼ਬਰਾਂ ਸੁਣਦੇ ਹਾਂ

ਖ਼ਬਰਾਂ ਪੜ੍ਹਦੇ ਹਾਂ
ਹਰ ਇੱਕ ਦੂਸਰੇ ਤੋਂ
ਵਧ-ਚੜ੍ਹ ਕੇ ਆਖਦਾ ਹੈ
ਕਿ
ਮੁਸਲਮਾਨਾਂ ਨੇ ਹਿੰਦੂ ਮਾਰ ਦਿੱਤੇ
ਕਿ
ਹਿੰਦੂਆਂ ਨੇ ਮੁਸਲਮਾਨ ਮਾਰ ਦਿੱਤੇ
ਕਿ
ਸਿੱਖਾਂ ਨੇ ਹਿੰਦੂ ਮਾਰ ਦਿੱਤੇ
ਪਰ ਕੋਈ ਨਹੀਂ ਕਹਿੰਦਾ
ਕਿ
ਮਨੁੱਖਾਂ ਨੇ ਮਨੁੱਖ ਮਾਰ ਦਿੱਤੇ
ਤੇ ਸ਼ਾਇਦ ਇਸੇ ਕਰਕੇ
ਦੰਗੇ ਹੁੰਦੇ ਰਹਿੰਦੇ ਨੇ...

ਬਲਜਿੰਦਰ ਸੰਘਾ ਨੇ ਆਪਣੇ ਕਾਵਿ ਸੰਗ੍ਰਹਿ **'ਕਵਿਤਾ...ਮੈਨੂੰ ਮੁਆਫ਼ ਕਰੀਂ'** ਵਿੱਚ ਭਾਵੇਂ ਕਿ ਹੋਰ ਵੀ ਵਿਸ਼ਿਆਂ ਬਾਰੇ ਕਵਿਤਾਵਾਂ ਲਿਖੀਆਂ ਹਨ; ਪਰ ਮੈਂ ਉਸਦੀ ਸਿਰਫ ਇੱਕ ਹੋਰ ਕਵਿਤਾ ਨੂੰ ਵਿਚਾਰ ਅਧੀਨ ਲਿਆ ਕੇ ਆਪਣੀ ਗੱਲ ਖਤਮ ਕਰਨੀ ਚਾਹਾਂਗਾ.

ਪਰਵਾਸੀ ਪੰਜਾਬੀਆਂ ਦੀਆਂ ਅਨੇਕਾਂ ਸਮੱਸਿਆਵਾਂ ਦਾ ਜਿਸ ਤਰ੍ਹਾਂ ਕਾਰਨ ਵੀ ਉਨ੍ਹਾਂ ਦਾ ਸਭਿਆਚਾਰਕ ਵਿਰਸਾ ਹੈ; ਇਸੇ ਤਰ੍ਹਾਂ ਹੀ ਅਨੇਕਾਂ ਹਾਲਤਾਂ ਵਿੱਚ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਵੀ ਉਨ੍ਹਾਂ ਦਾ ਵਿਰਸਾ ਹੀ ਹੈ. ਉਨ੍ਹਾਂ ਦੇ ਵਿਰਸੇ ਦਾ ਸਬੰਧ ਉਨ੍ਹਾਂ ਦੀ ਮਾਂ ਬੋਲੀ ਪੰਜਾਬੀ ਨਾਲ ਜੁੜਿਆ ਹੋਇਆ ਹੈ. ਪਰਵਾਸੀ ਪੰਜਾਬੀਆਂ ਦੀਆਂ ਸਭਿਆਚਾਰਕ ਸਮੱਸਿਆਵਾਂ ਦਾ ਜਦੋਂ ਲੇਖਾ-ਜੋਖਾ ਕਰਨ ਲੱਗਦੇ ਹਾਂ ਤਾਂ ਇਹ ਗੱਲ ਉੱਭਰਕੇ ਸਾਹਮਣੇ ਆਉਂਦੀ ਹੈ ਕਿ ਪ੍ਰਵਾਸੀ ਪੰਜਾਬੀ ਪ੍ਰਵਾਰਾਂ ਵਿੱਚ ਵੱਧ ਰਹੀ ਪ੍ਰਵਾਰਕ ਹਿੰਸਾ, ਪਤੀਆਂ ਵੱਲੋਂ ਆਪਣੀਆਂ ਹੀ ਪਤਨੀਆਂ ਦੇ ਕੀਤੇ ਜਾ ਰਹੇ ਕਤਲ, ਪਿਉਆਂ ਵੱਲੋਂ ਧਰਮ ਦੇ ਨਾਮ ਉੱਤੇ ਆਪਣੀਆਂ ਹੀ ਧੀਆਂ ਨੂੰ ਕਤਲ ਕਰਵਾ ਦੇਣਾ, ਪੰਜਾਬੀ ਨੌਜਵਾਨ ਬੱਚਿਆਂ ਦਾ ਨਸ਼ਿਆਂ ਦੇ ਆਦੀ ਹੋ ਕੇ ਡਰੱਗ ਸਮੱਗਲਰ/ਡਰੱਗ ਗੈਂਗਸਟਰ ਬਣ ਜਾਣਾ - ਇਹ ਸਾਰੀਆਂ ਗੱਲਾਂ ਪੰਜਾਬੀ ਸਭਿਆਚਾਰਕ ਵਿਰਸੇ ਨਾਲੋਂ ਟੁੱਟ ਜਾਣ ਕਰਕੇ ਵਾਪਰ ਰਿਹਾ ਹੈ. ਕਿਉਂਕਿ ਪੰਜਾਬੀ ਸਭਿਆਚਾਰਕ ਵਿਰਸਾ ਤਾਂ ਔਰਤ ਅਤੇ ਮਰਦ ਦੀ ਬਰਾਬਰੀ ਦੀ ਗੱਲ ਕਰਦਾ ਹੈ, ਨਸ਼ਿਆਂ ਦੀ ਸਖਤ ਆਲੋਚਨਾ ਕਰਦਾ ਹੈ, ਧੀਆਂ ਨੂੰ ਪ੍ਰਵਾਰ ਦੀ ਖੁਸ਼ਬੂ ਕਰਾਰ ਦਿੰਦਾ ਹੈ, ਪੰਜਾਬੀ ਸਭਿਆਚਾਰਕ ਵਿਰਸਾ ਤਾਂ ਪਿਆਰ-ਮੁਹੱਬਤ, ਸਾਂਝੀਵਾਲਤਾ ਅਤੇ ਏਕਤਾ ਦਾ ਸੰਦੇਸ਼ ਦਿੰਦਾ ਹੈ. ਇਨ੍ਹਾਂ ਸਮੱਸਿਆਵਾਂ ਤੋਂ ਅਸੀਂ ਕਾਫੀ ਹੱਦ ਤੱਕ ਬਚੇ ਰਹਿ ਸਕਦੇ ਹਾਂ ਜੇਕਰ ਅਸੀਂ ਆਪ/ਆਪਣੇ ਬੱਚਿਆਂ ਨੂੰ ਪੰਜਾਬੀ ਜ਼ੁਬਾਨ ਨਾਲ ਜੋੜੀ ਰੱਖੀਏ. ਅਤੇ ਉਨ੍ਹਾਂ ਦੀ ਚੇਤਨਾ ਅੰਦਰ ਪੰਜਾਬੀ ਸਭਿਆਚਾਰਕ ਵਿਰਸੇ ਦੀਆਂ ਉੱਚੀਆਂ-ਸੁੱਚੀਆਂ ਕਦਰਾਂ-ਕੀਮਤਾਂ ਦਾ ਚਾਨਣ ਬਿਖੇਰਦੇ ਰਹੀਏ. ਕੁਝ ਇਸ ਤਰ੍ਹਾਂ ਦੀ ਹੀ ਗੱਲ ਬਲਜਿੰਦਰ ਸੰਘਾ ਆਪਣੀ ਕਵਿਤਾ 'ਦੋਸਤ ਲਈ ਦੁਆ' ਵਿੱਚ ਕਰ ਰਿਹਾ ਜਾਪਦਾ ਹੈ:

ਜੇ ਤੂੰ ਪੰਜਾਬ ਵਿੱਚ ਹੁੰਦਾ ਤਾਂ
ਮੈਂ ਤੇਰੇ ਲਈ ਦੁਆ ਕਰਦਾ ਕਿ
ਤੇਰੀ ਪੜ੍ਹਾਈ ਦਾ ਮੁੱਲ ਪਵੇ
ਤੇ ਤੂੰ ਵੀ ਖੜ੍ਹਾ ਹੋਵੇਂ ਆਪਣੇ ਪੈਰਾਂ ਭਾਰ
ਪਰ ਹੁਣ ਤੂੰ ਕੈਨੇਡਾ ਵਿੱਚ ਵੱਸਦਾ ਏਂ
ਤੇ ਆਰਥਿਕ ਪੱਖੋਂ ਖੁਸ਼ਹਾਲ ਏਂ
ਤੇ ਮੈਂ ਦੁਆ ਕਰਦਾ ਹਾਂ ਕਿ
ਤੇਰੇ ਬੱਚੇ ਪੰਜਾਬੀ ਵੀ ਪੜ੍ਹਣ...

ਕੈਨੇਡੀਅਨ ਪੰਜਾਬੀ ਕਵੀ ਬਲਜਿੰਦਰ ਸੰਘਾ ਦਾ ਪਹਿਲਾ ਹੀ ਕਾਵਿ-ਸੰਗ੍ਰਹਿ **'ਕਵਿਤਾ...ਮੈਨੂੰ ਮੁਆਫ਼ ਕਰੀਂ'** ਪੜ੍ਹ ਕੇ ਇਸ ਗੱਲ ਦੀ ਤਸੱਲੀ ਮਿਲਦੀ ਹੈ ਕਿ ਉਹ ਵਿਚਾਰਧਾਰਕ ਤੌਰ ਉੱਤੇ ਨ ਸਿਰਫ ਇੱਕ ਚੇਤੰਨ ਕਵੀ ਹੀ ਹੈ; ਬਲਕਿ ਉਹ ਇਸ ਗੱਲ ਨੂੰ ਵੀ ਭਲੀਭਾਂਤ ਸਮਝਦਾ ਹੈ ਕਿ ਕਾਵਿ ਸਿਰਜਣਾ ਦੀ ਪ੍ਰਕ੍ਰਿਆ ਵਿੱਚ ਕਵੀ ਵੱਲੋਂ ਵਿਚਾਰਧਾਰਕ ਤੌਰ ਉੱਤੇ ਦਖਲ ਅੰਦਾਜ਼ੀ ਕਰਨੀ ਬਹੁਤ ਜ਼ਰੂਰੀ ਹੁੰਦੀ ਹੈ.

(ਮਾਲਟਨ, ਜੂਨ 2, 2010)

-Sukhinder
Editor: SANVAD
Box 67089, 2300 Yonge St.
Toronto ON Canada M4P 1E0
Tel. (416) 858-7077 Email: poet_sukhinder@hotmail.com
www.canadianpunjabiliterature.blogspot.com